**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20**

**ਮਿਤੀ :25-12-2025**

**ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਾਬਕਾ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਦੀ 101ਵੀਂ ਜਨਮ ਵਰ੍ਹੇਗੰਢ ਮੌਕੇ ਲਖਨਊ 'ਚ 'ਰਾਸ਼ਟਰ ਪ੍ਰੇਰਨਾ ਸਥਲ' ਦਾ ਉਦਘਾਟਨ ਕੀਤਾ- ਕਿਹਾ  ਸਰਕਾਰ ਸਮਾਜ ਦੇ ਹਰੇਕ ਨਾਗਰਿਕ ਦੀ ਭਲਾਈ ਲਈ ਸਖ਼ਤ ਮਿਹਨਤ ਕਰ ਰਹੀ ਏ ।

- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿੱਚ ਸਾਲਾਨਾ ਸ਼ਹੀਦੀ ਸਭਾ, ਅੱਜ ਫ਼ਤਹਿਗੜ੍ਹ ਸਾਹਿਬ, ਵਿਖੇ ਧਾਰਮਿਕ ਰਵਾਇਤਾਂ ਨਾਲ ਆਰੰਭ ਹੋਈ ।

- ਕ੍ਰਿਸਮਸ ਦਾ ਤਿਓਹਾਰ ਅੱਜ ਦੁਨੀਆ ਭਰ ਵਿੱਚ ਖੁਸ਼ੀ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ ।

- ਮੌਸਮ ਵਿਭਾਗ ਵਲੋਂ ਅੱਜ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਸਮੇਤ ਕਈ ਸੂਬਿਆਂ ਵਿੱਚ ਸੰਘਣੀ ਤੋਂ ਬਹੁਤ ਸੰਘਣੀ ਧੁੰਦ ਲਈ ਓਰੇਂਜ ਅਲਰਟ ਜਾਰੀ ।

- ਮਰਦਾਂ ਦੀ ਹਾਕੀ ਟੀਮ ਦੇ ਉਪ-ਕਪਤਾਨ ਹਾਰਦਿਕ ਸਿੰਘ, 'ਮੇਜਰ ਧਿਆਨ ਚੰਦ ਖੇਲ ਰਤਨ ਪੁਰਸਕਾਰ' ਲਈ ਨਾਮਜ਼ਦ ।

**ਹੁਣ ਖਬਰਾਂ ਵਿਸਥਾਰ ਨਾਲ**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਪਿਛਲੇ 11 ਸਾਲਾਂ ਤੋਂ, ਉਨ੍ਹਾਂ ਦੀ ਸਰਕਾਰ ਸਮਾਜ ਦੇ ਹਰੇਕ ਨਾਗਰਿਕ ਦੀ ਭਲਾਈ ਲਈ ਸਖ਼ਤ ਮਿਹਨਤ ਕਰ ਰਹੀ ਏ ਅਤੇ ਉਨ੍ਹਾਂ ਨੂੰ ਬਿਨਾਂ ਕਿਸੇ ਭੇਦਭਾਵ ਦੇ ਸਾਰੀਆਂ ਯੋਜਨਾਵਾਂ ਦਾ ਲਾਭ ਪ੍ਰਦਾਨ ਕਰ ਰਹੀ ਏ । ਇਹ ਸੁਸ਼ਾਸਨ ਅਤੇ ਸੱਚੇ ਧਰਮ ਨਿਰਪੱਖਤਾ ਦਾ ਪ੍ਰਤੀਕ ਏ । ਪ੍ਰਧਾਨ ਮੰਤਰੀ ਮੋਦੀ ਨੇ ਇਹ ਗੱਲ ਸਾਬਕਾ ਪ੍ਰਧਾਨ ਮੰਤਰੀ, ਭਾਰਤ ਰਤਨ ਨਾਲ ਸਨਮਾਨਿਤ ਅਟਲ ਬਿਹਾਰੀ ਵਾਜਪਾਈ ਦੀ 101ਵੀਂ ਜਯੰਤੀ ਦੇ ਮੌਕੇ 'ਤੇ ਲਖਨਊ ਵਿੱਚ ਇੱਕ ਜਨਤਕ ਮੀਟਿੰਗ ਵਿੱਚ ਕਹੀ। ਉਨ੍ਹਾਂ ਨੇ ਲਖਨਊ ਵਿੱਚ 'ਰਾਸ਼ਟਰ ਪ੍ਰੇਰਨਾ ਸਥਲ' ਦਾ ਉਦਘਾਟਨ ਕੀਤਾ। ਉਨ੍ਹਾਂ ਕਿਹਾ ਇਹ ਸਥਾਨ ਆਜ਼ਾਦ

ਭਾਰਤ ਦੀਆਂ ਮਹਾਨ ਸ਼ਖਸੀਅਤਾਂ ਦੀ ਵਿਰਾਸਤ ਦੇ ਸਨਮਾਨ ਲਈ ਬਣਾਇਆ ਗਿਆ ਏ ।

BYTE

ਇਸ ਮੌਕੇ ਅਟੱਲ ਬਿਹਾਰੀ ਵਾਜਪਾਈ ਨੂੰ ਯਾਦ ਕਰਦਿਆਂ  ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਦਾ ਉਦੇਸ਼ ਸਰਕਾਰੀ ਯੋਜਨਾਵਾਂ ਦਾ 100 ਫੀਸਦੀ ਲਾਭ ਯਕੀਨੀ ਬਣਾਉਣਾ ਏ , ਅਤੇ ਹੁਣ ਲੱਖਾਂ ਗਰੀਬ ਨਾਗਰਿਕ ਉਨ੍ਹਾਂ ਤੋਂ ਲਾਭ ਪ੍ਰਾਪਤ ਕਰ ਰਹੇ ਹਨ। ਇਸ ਮੌਕੇ 'ਤੇ ਅਟਲ ਬਿਹਾਰੀ ਵਾਜਪਾਈ ਨੂੰ ਯਾਦ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਕਈ ਪਹਿਲਕਦਮੀਆਂ ਕੀਤੀਆਂ ਜਿਨ੍ਹਾਂ ਨੇ ਦੇਸ਼ ਦੇ ਵਿਕਾਸ ਦਾ ਦ੍ਰਿਸ਼ ਬਦਲ ਦਿੱਤਾ।  ਉਨ੍ਹਾਂ ਨੇ ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ ਪਹਿਲਕਦਮੀ ਦਾ ਖਾਸ ਤੌਰ 'ਤੇ ਜ਼ਿਕਰ ਕਰਦੇ ਹੋਏ ਕਿਹਾ ਕਿ 2000 ਤੋਂ ਇਸ ਯੋਜਨਾ ਤਹਿਤ 8 ਲੱਖ ਕਿਲੋਮੀਟਰ ਤੋਂ ਵੱਧ ਸੜਕਾਂ ਬਣਾਈਆਂ ਗਈਆਂ ਨੇ ।

---

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਜੀ, ਬਾਬਾ ਫ਼ਤਹਿ ਸਿੰਘ ਜੀ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿੱਚ ਫ਼ਤਹਿਗੜ੍ਹ ਸਾਹਿਬ, ਵਿਖੇ ਸਾਲਾਨਾ ਸ਼ਹੀਦੀ ਸਭਾ ਅੱਜ ਧਾਰਮਿਕ ਰਵਾਇਤਾਂ ਅਤੇ ਪੂਰੇ ਖ਼ਾਲਸਾਈ ਜਾਹੋ-ਜਲਾਲ

ਨਾਲ ਆਰੰਭ ਹੋਈ। ਸ਼ਹੀਦੀ ਸਭਾ ਦੀ ਸ਼ੁਰੂਆਤ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਬਾਣੀ ਦੇ ਆਖੰਡ ਪਾਠ ਸਾਹਿਬ ਦੀ ਆਰੰਭਤਾ ਨਾਲ ਹੋਈ। ਪਹਿਲੇ ਦਿਨ ਅੱਜ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ  ਵੱਡੀ ਗਿਣਤੀ ਸੰਗਤਾਂ ਨਤਮਸਤਕ ਹੋ ਰਹੀਆਂ ਨੇ । ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਸਮੁੱਚੀ ਸੰਗਤ ਨੂੰ ਬੇਨਤੀ ਕੀਤੀ ਕਿ ਉਹ ਸ਼ਰਧਾ ਭਾਵ ਅਤੇ ਸ਼ਾਤੀ ਪੂਰਵਕ ਰੂਪ ਵਿੱਚ ਸ਼ਹੀਦਾਂ ਨੂੰ ਨਤਮਸਤਕ ਹੁੰਦੇ ਹੋਏ ਸਾਫ਼-ਸਫ਼ਾਈ ਦਾ ਖਾਸ ਧਿਆਨ ਰੱਖਦੇ ਹੋਏ ਪ੍ਰਸ਼ਾਸਨ ਨੂੰ ਸਹਿਯੋਗ ਦੇਣ। ਸ਼ਹੀਦੀ ਸਭਾ ਦੌਰਾਨ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ 27 ਦਸੰਬਰ ਨੂੰ ਪਾਏ ਜਾਣਗੇ ਅਤੇ ਉਸੇ ਦਿਨ ਸਵੇਰੇ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਨਗਰ ਕੀਰਤਨ ਆਰੰਭ ਹੋਕੇ ਦੁਪਹਿਰ ਸਮੇਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਵਿਖੇ ਪੁੱਜੇਗਾ।

---------------------------------------------------------------

ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਸ਼ਹੀਦੀ ਸਭਾ ਦੇ ਮੱਦੇਨਜ਼ਰ, ਬਹੁ-ਪੱਧਰੀ ਸੁਰੱਖਿਆ ਅਤੇ ਟ੍ਰੈਫਿਕ ਪ੍ਰਬੰਧਨ ਯੋਜਨਾ ਦਾ ਨਿੱਜੀ ਤੌਰ 'ਤੇ ਜਾਇਜ਼ਾ ਲਿਆ । ਡੀਜੀਪੀ ਨੇ ਦੱਸਿਆ ਕਿ ਪੂਰੇ ਖੇਤਰ ਨੂੰ ਯੋਜਨਾਬੱਧ ਢੰਗ ਨਾਲ ਛੇ ਸੈਕਟਰਾਂ ਵਿੱਚ ਵੰਡਿਆ ਗਿਆ ਏ ਅਤੇ ਪੂਰੇ

ਸਮਾਗਮ ਦੌਰਾਨ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸੀਨਅਰ ਅਧਿਕਾਰੀਆਂ ਦੀ ਨਿਗਰਾਨੀ ਹੇਠ 3400 ਤੋਂ ਵੱਧ ਪੁਲਿਸ ਮੁਲਾਜ਼ਮ ਤਾਇਨਾਤ ਕੀਤੇ ਗਏ ਨੇ । ਡੀਜੀਪੀ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਦੇ 200 ਮੀਟਰ ਦੇ ਘੇਰੇ ਨੂੰ ਨੋ ਵਹੀਕਲ ਜ਼ੋਨ ਬਣਾਇਆ ਗਿਆ ਏ ਅਤੇ 22 ਪਾਰਕਿੰਗ ਸਥਾਨ ਨਿਰਧਾਰਤ ਕੀਤੇ ਗਏ ਨੇ  ਅਤੇ ਇਨ੍ਹਾਂ ਪਾਰਕਿੰਗ ਸਥਾਨਾਂ ਤੋਂ ਗੁਰਦੁਆਰਾ ਸਾਹਿਬ ਤੱਕ ਸੰਗਤਾਂ ਨੂੰ ਲਿਜਾਣ ਲਈ ਈ-ਰਿਕਸ਼ਾ, ਆਟੋ ਅਤੇ ਸ਼ਟਲ ਬੱਸ ਸੇਵਾਵਾਂ ਦਾ ਪ੍ਰਬੰਧ ਕੀਤਾ ਗਿਆ ਏ। ਪਾਰਕਿੰਗ ਖੇਤਰਾਂ ਦੀ ਨਿਗਰਾਨੀ ਲਈ 6 ਡਰੋਨ ਅਤੇ ਲਗਭਗ 300 ਹਾਈ-ਟੈਕ ਸੀ.ਸੀ.ਟੀ.ਵੀ ਕੈਮਰੇ ਲਗਾਏ ਗਏ ਨੇ।

---------------------------------------------------------

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਅਤੇ ਗੁਰਦੁਆਰਾ ਬਾਬਾ ਮੋਤੀ ਰਾਮ ਮਹਿਰਾ ਵਿਖੇ ਨਤਮਸਤਕ ਹੋਏ। ਇਸ ਮੌਕੇ ਤੇ ਜਨਤਾ ਪਾਰਟੀ ਦੇ ਕਾਰਜਕਾਰੀ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ ਵੀ ਮੌਜੂਦ ਰਹੇ। ਇਸ ਮੌਕੇ ਬੋਲਦਿਆਂ ਨਾਇਬ ਸਿੰਘ ਸੈਣੀ ਨੇ ਕਿਹਾ

BYTE

---------------------------------------------------------

ਪੰਜਾਬ ਭਾਸ਼ਾ ਵਿਭਾਗ ਅਤੇ ਫਤਹਿਗੜ੍ਹ  ਸਾਹਿਬ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਨੂੰ ਸਮਰਪਿਤ ਕਵੀ ਦਰਬਾਰ ਕਰਵਾਇਆ ਗਿਆ। ਸਹਾਇਕ ਡਾਇਰੈਕਟਰ ਅਤੇ ਜ਼ਿਲ੍ਹਾ ਭਾਸ਼ਾ ਅਫ਼ਸਰ ਜਸਪ੍ਰੀਤ ਕੌਰ ਨੇ ਕਿਹਾ ਕਿ ਨੌਜਵਾਨਾਂ ਨੂੰ ਸਾਹਿਤ ਅਤੇ ਇਤਿਹਾਸ ਨੂੰ ਪੜ੍ਹਨ ਦੀ ਬਹੁਤ ਜ਼ਰੂਰਤ ਏ । ਇਸੇ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਮੈਡੀਕਲ ਫੇਜੀਓਥਰੇਪੀ ਦੇ ਨਾਲ ਨਾਲ ਯੂਨੀਵਰਸਿਟੀ ਕੈਂਪਸ ਵਿੱਚ ਪੁਸਤਕ ਪ੍ਰਦਰਸ਼ਨੀ ਸਮੇਤ ਹੋਰ ਕਈ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਗਿਆ ।

-------------------------------------------------------------

ਪ੍ਰਭੂ ਯਿਸੂ ਮਸੀਹ ਦੇ ਜਨਮ ਦਿਨ ਨੂੰ ਮਨਾਉਣ ਲਈ ਅੱਜ ਦੁਨੀਆ ਭਰ ਵਿੱਚ ਕ੍ਰਿਸਮਸ ਦਾ ਤਿਉਹਾਰ ਖੁਸ਼ੀਆਂ ਨਾਲ ਮਨਾਇਆ ਜਾ ਰਿਹਾ ਏ । ਗਿਰਜਾਘਰਾਂ ਵਿੱਚ ਵਿਸ਼ੇਸ਼ ਪ੍ਰਾਰਥਨਾ ਸਭਾਵਾਂ ਹੋ ਰਹੀਆਂ ਨੇ । ਲੋਕ ਆਪਣੇ ਘਰਾਂ ਨੂੰ ਕ੍ਰਿਸਮਸ ਟ੍ਰੀ ਅਤੇ ਹੋਰ ਸਜਾਵਟ ਨਾਲ ਸਜਾਉਂਦੇ ਨੇ ਅਤੇ ਤੋਹਫ਼ੇ ਵਟਾਉਂਦੇ ਨੇ. ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਅੱਜ ਕ੍ਰਿਸਮਸ ਦੇ ਮੌਕੇ 'ਤੇ ਸਾਰੇ ਨਾਗਰਿਕਾਂ ਨੂੰ ਵਧਾਈਆਂ ਦਿੱਤੀਆਂ ਨੇ. ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਇਹ ਤਿਉਹਾਰ ਪ੍ਰਭੂ

ਯਿਸੂ ਮਸੀਹ ਵਲੋਂ ਮਨੁੱਖਤਾ ਦੀ ਭਲਾਈ ਲਈ ਕੀਤੇ ਗਏ ਬਲੀਦਾਨ ਦੀ ਯਾਦ ਦਿਵਾਉਂਦਾ ਏ। ਉਪ ਰਾਸ਼ਟਰਪਤੀ ਸੀ. ਪੀ. ਰਾਧਾਕ੍ਰਿਸ਼ਨਨ ਨੇ ਵੀ ਲੋਕਾਂ ਨੂੰ ਕ੍ਰਿਸਮਸ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਉਪ ਰਾਸ਼ਟਰਪਤੀ ਨੇ ਕਿਹਾ ਕਿ ਪ੍ਰਭੂ ਯਿਸੂ ਮਸੀਹ ਦੀਆਂ ਸਿੱਖਿਆਵਾਂ ਸਮਾਜਿਕ ਬੰਧਨਾਂ ਨੂੰ ਮਜ਼ਬੂਤ ਕਰਦੀਆਂ ਨੇ ਅਤੇ ਸਮਾਜ ਵਿੱਚ ਸਥਾਈ ਸ਼ਾਂਤੀ ਨੂੰ ਉਤਸ਼ਾਹਿਤ ਕਰਦੀਆਂ ਨੇ. ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ  ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਇਹ ਸੇਵਾ ਪਿਆਰ, ਸ਼ਾਂਤੀ ਅਤੇ ਹਮਦਰਦੀ ਦੇ ਸਦੀਵੀ ਸੰਦੇਸ਼ ਨੂੰ ਦਰਸਾਉਂਦੀ ਏ। ਉਨ੍ਹਾਂ ਉਮੀਦ ਪ੍ਰਗਟਾਈ ਕਿ ਕ੍ਰਿਸਮਸ ਦੀ ਭਾਵਨਾ ਸਮਾਜ ਵਿੱਚ ਸਦਭਾਵਨਾ ਅਤੇ ਸਦਭਾਵਨਾ ਨੂੰ ਪ੍ਰੇਰਿਤ ਕਰੇਗੀ। ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਤੇ ਵਿਧਾਨ ਸਭ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਵੀ ਇਸਾਈ ਭਾਈਚਾਰੇ ਨੂੰ ਕ੍ਰਿਸਮਸ ਦੀਆਂ ਵਧਾਈਆਂ ਦਿੱਤੀਆਂ ਨੇ। ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਜਲੰਧਰ ਦੇ ਪਿੰਡ ਖਾਂਬੜਾ ਵਿਖੇ ਕ੍ਰਿਸਮਸ ਮੌਕੇ ਕਰਵਾਏ ਗਏ ਸਮਾਗਮਾਂ ਵਿੱਚ ਸ਼ਿਰਕਤ ਕਰਦਿਆਂ ਕਿਹਾ ਕਿ ਇਹ ਤਿਉਹਾਰ ਸਾਨੂੰ ਆਪਸੀ ਪਿਆਰ, ਸਦਭਾਵਨਾ, ਦਇਆ ਅਤੇ ਦੂਜਿਆਂ ਨੂੰ ਮੁਆਫ਼ ਕਰਨ ਦਾ ਸੁਨੇਹਾ ਦਿੰਦਾ ਏ।

------------------------------------------------------

ਕੇਂਦਰੀ ਜਾਂਚ ਬਿਊਰੋ-CBI ਨੇ ਅੱਜ ਮੋਹਾਲੀ ਅਦਾਲਤ ਵਿੱਚ ਕਰਨਲ

ਪੁਸ਼ਪਿੰਦਰ ਸਿੰਘ ਬਾਠ ਹਮਲੇ ਦੇ ਮਾਮਲੇ ਵਿੱਚ ਪੰਜਾਬ ਪੁਲਿਸ ਦੇ ਚਾਰ ਪੁਲਿਸ ਮੁਲਾਜ਼ਮਾਂ ਖਿਲਾਫ ਚਾਰਜਸ਼ੀਟ ਦਾਇਰ ਕੀਤੀ ਏ । ਪਟਿਆਲਾ ਪੁਲਿਸ ਨੇ ਪਹਿਲਾਂ ਚਾਰ ਇੰਸਪੈਕਟਰਾਂ, ਜਿਨ੍ਹਾਂ ਵਿੱਚ ਹੈਰੀ ਬੋਪਾਰਾਏ, ਰੌਨੀ ਸਿੰਘ ਅਤੇ ਹਰਜਿੰਦਰ ਢਿੱਲੋਂ ਸ਼ਾਮਲ ਸਨ,ਖਿਲਾਫ ਕਤਲ ਦੀ ਕੋਸ਼ਿਸ਼, ਸਵੈ-ਇੱਛਾ ਨਾਲ ਸੱਟ ਪਹੁੰਚਾਉਣ, ਗਲਤ ਢੰਗ ਨਾਲ ਰੋਕ ਲਗਾਉਣ ਅਤੇ ਅਪਰਾਧਿਕ ਧਮਕੀ ਦੇਣ ਦੇ ਦੋਸ਼ ਵਿੱਚ ਮਾਮਲਾ ਦਰਜ ਕੀਤਾ ਸੀ। ਬਾਅਦ ਵਿੱਚ, ਇੱਕ ਹੋਰ ਇੰਸਪੈਕਟਰ ਨੂੰ ਨਾਮਜ਼ਦ ਕੀਤਾ ਗਿਆ ਸੀ। ਇਹ ਕਥਿਤ ਘਟਨਾ 13 ਅਤੇ 14 ਮਾਰਚ ਦੀ ਦਰਮਿਆਨੀ ਰਾਤ ਨੂੰ ਵਾਪਰੀ, ਜਦੋਂ ਕਰਨਲ ਪੁਸ਼ਪਿੰਦਰ ਸਿੰਘ ਬਾਠ ਅਤੇ ਉਨ੍ਹਾਂ ਦਾ ਪੁੱਤਰ ਪਟਿਆਲਾ ਦੇ ਸਰਕਾਰੀ ਰਾਜਿੰਦਰਾ ਹਸਪਤਾਲ ਨੇੜੇ ਸੜਕ ਕਿਨਾਰੇ ਇੱਕ ਢਾਬੇ 'ਤੇ ਖਾਣਾ ਖਾ ਰਹੇ ਸਨ। ਪੁਲਿਸ ਮੁਲਾਜ਼ਮਾਂ ਅਤੇ ਉਨ੍ਹਾਂ ਦੇ ਸਟਾਫ਼ ਨੇ ਉਨ੍ਹਾਂ ਨੂੰ ਆਪਣੀਆਂ ਗੱਡੀਆਂ ਉੱਥੇ ਪਾਰਕ ਕਰਨ ਦੀ ਇਜਾਜ਼ਤ ਨਾ ਦੇਣ ਅਤੇ ਕੁਝ ਖਾ ਰਹੇ ਹੋਣ 'ਤੇ ਬੇਰਹਿਮੀ ਨਾਲ ਕੁੱਟਿਆ।

---------------------------------------------------------------

ਪਟਿਆਲਾ ਪੁਲਿਸ ਨੇ ਸੰਗਰੂਰ ਜ਼ੀਰਕਪੁਰ ਸ਼ਾਹਰਾਹ ਉਪਰ ਅੱਜ ਗੈਂਗਸਟਰ ਲੱਕੀ ਪਟਿਆਲ ਗੈਂਗ  ਦੇ ਕਾਰਕੁਨ ਮਨਪ੍ਰੀਤ ਸਿੰਘ ਉਰਫ ਮੰਨਾ ਦਾ ਐਨਕਾਉਂਟਰ ਕੀਤਾ । ਜਿਸ ਦੌਰਾਨ ਗੈਂਗਸਟਰ ਮੰਨਾ ਜ਼ਖਮੀ

ਹੋ ਗਿਆ, ਜਿਸਨੂੰ ਬਾਅਦ 'ਚ ਸਰਕਾਰੀ ਰਜਿੰਦਰਾ ਹਸਪਤਾਲ ਵਿਚ ਭਰਤੀ ਕੀਤਾ ਗਿਆ। ਐਸ.ਐਸ.ਪੀ ਵਰੁਣ ਸ਼ਰਮਾ ਨੇ ਦੱਸਿਆ ।

BYTE

ਐਸਐਸਪੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਫਿਰੌਤੀ ਦੀ ਮੰਗ ਕਰਦਾ ਤਾਂ ਉਸਦੀ ਜਾਣਕਾਰੀ ਪੁਲਿਸ ਨੂੰ ਦਿੱਤੀ ਜਾਵੇ ਅਤੇ ਪੁਲਿਸ ਆਪਣੇ ਨਾਗਰਿਕਾਂ ਦੀ ਹਿਫ਼ਾਜ਼ਤ ਯਕੀਨੀ ਬਣਾਏਗੀ।

---------------------------------------------------------

ਦੇਸ਼ ਦਾ ਸਭ ਤੋਂ ਪੁਰਾਣਾ ਭਾਰਤੀ ਸ਼ਾਸਤਰੀ ਸੰਗੀਤ ਉਤਸਵ, 150ਵਾਂ 3 ਦਿਨਾ ਸ਼੍ਰੀ ਬਾਬਾ ਹਰੀਵੱਲਭ ਸੰਗੀਤ ਸੰਮੇਲਨ, ਕੱਲ੍ਹ ਸ਼ਾਮ ਤੋਂ ਜਲੰਧਰ ਦੇ ਸ਼੍ਰੀ ਦੇਵੀ ਤਾਲਾਬ ਮੰਦਿਰ ਵਿਖੇ ਸ਼ੁਰੂ ਹੋ ਰਿਹਾ ਏ ।ਇਹ ਉਤਸਵ ਭਾਰਤ ਸਰਕਾਰ ਦੇ ਕੇਂਦਰੀ ਸੱਭਿਆਚਾਰ ਮੰਤਰਾਲੇ ਦੇ ਉੱਤਰੀ ਜ਼ੋਨ ਸੱਭਿਆਚਾਰਕ ਕੇਂਦਰ , ਪਟਿਆਲਾ ਅਤੇ ਪੰਜਾਬ ਸਰਕਾਰ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਏ। ਇਹ ਉਤਸਵ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ 350ਵੀਂ ਸ਼ਹੀਦੀ ਵਰ੍ਹੇਗੰਢ ਅਤੇ ਬਨਾਰਸ ਦੇ ਪ੍ਰਸਿੱਧ ਘਰਾਣੇ ਦੇ ਗਾਇਕ ਪੰਡਿਤ ਛੰਨੂ ਲਾਲ ਮਿਸ਼ਰਾ ਨੂੰ ਸਮਰਪਿਤ ਹੋਵੇਗਾ, ਜਿਨ੍ਹਾਂ ਦਾ ਇਸ ਸਾਲ ਅਕਤੂਬਰ ਵਿੱਚ ਦੇਹਾਂਤ ਹੋ ਗਿਆ ਸੀ। ਬੀਤੇ ਦਿਨੀਂ ਸਦੀਵੀਂ ਵਿਛੋੜਾ ਦੇ ਗਏ ਉਸਤਾਦ ਪੂਰਨ ਸ਼ਾਹ ਕੋਟੀ ਨੂੰ ਵੀ ਇਸ ਮੌਕੇ ਸ਼ਰਧਾਂਜਲੀ ਦਿੱਤੀ ਜਾਵੇਗੀ। 26 ਤੋਂ 28 ਦਸੰਬਰ ਤੱਕ ਹੋਣ ਵਾਲੇ

ਇਸ ਉਤਸਵ ਦੌਰਾਨ ਪ੍ਰਸਿੱਧ ਸ਼ਾਸਤਰੀ ਸੰਗੀਤ ਕਲਾਕਾਰ, ਲੋਕ ਗਾਇਕੀ ਦੇ ਪਰਤੀਕ ਵਿਦੁਸ਼ੀ ਮਾਲਿਨੀ ਅਵਸਥੀ, ਪੰਡਿਤ ਸਾਜਨ ਮਿਸ਼ਰਾ, ਉਨ੍ਹਾਂ ਦੇ ਪੁੱਤਰ ਸਵਰਾਂਸ਼ ਮਿਸ਼ਰਾ, ਪੰਡਿਤ ਰੋਨੂ ਮਜੂਮਦਾਰ, ਸ਼ਸ਼ਾਂਕ ਸੁਬਰਾਮਨੀਅਮ, ਅਸ਼ਵਨੀ ਭਿਡੇ, ਪੰਡਿਤ ਸੰਜੀਵ ਅਭਯੰਕਰ, ਪੰਡਿਤ ਸ਼ੁਭੇਂਦਰ ਰਾਓ, ਉਸਤਾਦ ਫੈਯਾਜ਼ ਵਜੀਫੂਦੀਨ ਡਾਗਰ ਸਮੇਤ ਅਨੇਕਾਂ ਪ੍ਰਸਿੱਧ ਕਲਾਕਾਰ ਆਪਣੀ ਕਲਾ ਦਾ ਪ੍ਰਦਰਸ਼ਨ ਕਰਨਗੇ।

----------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ, ਬਿਹਾਰ, ਉੱਤਰ ਪ੍ਰਦੇਸ਼, ਉਤਰਾਖੰਡ, ਹਿਮਾਚਲ ਪ੍ਰਦੇਸ਼, ਜੰਮੂ ਅਤੇ ਕਸ਼ਮੀਰ ਵਿੱਚ ਲੱਦਾਖ, ਸੰਘਣੀ ਤੋਂ ਬਹੁਤ ਸੰਘਣੀ ਧੁੰਦ ਦੀ ਸਥਿਤੀ ਲਈ ਓਰੇਂਜ ਅਲਰਟ  ਜਾਰੀ ਕੀਤਾ ਏ। ਮੌਸਮ ਵਿਭਾਗ ਨੇ ਕੱਲ੍ਹ ਤੱਕ ਉੱਤਰਾਖੰਡ, ਦਿੱਲੀ, ਬਿਹਾਰ, ਪੂਰਬੀ ਉੱਤਰ ਪ੍ਰਦੇਸ਼, ਛੱਤੀਸਗੜ੍ਹ, ਹਰਿਆਣਾ, ਚੰਡੀਗੜ੍ਹ, ਝਾਰਖੰਡ, ਪੰਜਾਬ ਅਤੇ ਰਾਜਸਥਾਨ ਵਿੱਚ ਕਿਸੇ ਕਿਸੇ ਥਾਂ 'ਤੇ ਠੰਡੇ ਦਿਨ ਤੋਂ ਗੰਭੀਰ ਠੰਡੇ ਦਿਨ ਦੀ ਸਥਿਤੀ ਦੀ ਪੇਸ਼ੀਨਗੋਈ ਕੀਤੀ ਏ.

----------------------------------------------------------

ਮਰਦਾਂ ਦੀ ਹਾਕੀ ਟੀਮ ਦੇ ਉਪ-ਕਪਤਾਨ ਅਤੇ ਦੋ ਵਾਰ ਦੇ ਓਲੰਪਿਕ ਤਮਗਾ ਜੇਤੂ ਹਾਰਦਿਕ ਸਿੰਘ ਨੂੰ ਵੱਕਾਰੀ ਮੇਜਰ ਧਿਆਨ ਚੰਦ ਖੇਲ ਰਤਨ ਪੁਰਸਕਾਰ ਲਈ ਨਾਮਜ਼ਦ ਕੀਤਾ ਗਿਆ ਏ। ਭਾਰਤੀ ਓਲੰਪਿਕ

ਐਸੋਸੀਏਸ਼ਨ ਦੇ ਉਪ-ਪ੍ਰਧਾਨ ਗਗਨ ਨਾਰੰਗ, ਸਾਬਕਾ ਹਾਕੀ ਖਿਡਾਰੀ ਐਮ.ਐਮ. ਸੋਮਾਇਆ ਅਤੇ ਸਾਬਕਾ ਬੈਡਮਿੰਟਨ ਖਿਡਾਰੀ ਅਪਰਣਾ ਪੋਪਟ ਦੀ ਚੋਣ ਕਮੇਟੀ ਨੇ ਨਾਮਜ਼ਦਗੀਆਂ ਨੂੰ ਅੰਤਿਮ ਰੂਪ ਦਿੱਤਾ। ਯੋਗਾ ਭਾਗੀਦਾਰ ਆਰਤੀ ਪਾਲ ਸਮੇਤ 24 ਖਿਡਾਰੀਆਂ ਨੂੰ ਅਰਜੁਨ ਪੁਰਸਕਾਰ ਲਈ ਨਾਮਜ਼ਦ ਕੀਤਾ ਗਿਆ ਹੈ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਾਬਕਾ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਦੀ 101ਵੀਂ ਜਨਮ ਵਰ੍ਹੇਗੰਢ ਮੌਕੇ ਲਖਨਊ 'ਚ 'ਰਾਸ਼ਟਰ ਪ੍ਰੇਰਨਾ ਸਥਲ' ਦਾ ਉਦਘਾਟਨ ਕੀਤਾ- ਕਿਹਾ  ਸਰਕਾਰ ਸਮਾਜ ਦੇ ਹਰੇਕ ਨਾਗਰਿਕ ਦੀ ਭਲਾਈ ਲਈ ਸਖ਼ਤ ਮਿਹਨਤ ਕਰ ਰਹੀ ਏ ।

- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿੱਚ ਸਾਲਾਨਾ ਸ਼ਹੀਦੀ ਸਭਾ, ਅੱਜ ਫ਼ਤਹਿਗੜ੍ਹ ਸਾਹਿਬ, ਵਿਖੇ ਧਾਰਮਿਕ ਰਵਾਇਤਾਂ ਨਾਲ ਆਰੰਭ ਹੋਈ ।

- ਕ੍ਰਿਸਮਸ ਦਾ ਤਿਓਹਾਰ ਅੱਜ ਦੁਨੀਆ ਭਰ ਵਿੱਚ ਖ਼ੁਸ਼ੀ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ ।

- ਮੌਸਮ ਵਿਭਾਗ ਵਲੋਂ ਅੱਜ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਸਮੇਤ ਕਈ ਸੂਬਿਆਂ ਵਿੱਚ ਸੰਘਣੀ ਤੋਂ ਬਹੁਤ ਸੰਘਣੀ ਧੁੰਦ ਲਈ ਓਰੇਂਜ ਅਲਰਟ ਜਾਰੀ ।

- ਮਰਦਾਂ ਦੀ ਹਾਕੀ ਟੀਮ ਦੇ ਉਪ-ਕਪਤਾਨ ਹਾਰਦਿਕ ਸਿੰਘ, 'ਮੇਜਰ ਧਿਆਨ ਚੰਦ ਖੇਲ ਰਤਨ ਪੁਰਸਕਾਰ' ਲਈ ਨਾਮਜ਼ਦ ।

---

**ਇਸਦੇ ਨਾਲ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**